# ਪ੍ਰੈੱਸ ਨੋਟ

ਵੱਖ-ਵੱਖ ਜ਼ਿਲ੍ਹਿਆਂ ਦੇ ਡਿਪਟੀ ਕਮਿਸ਼ਨਰਾਂ ਵੱਲੋਂ ਪੈ ਰਹੀ ਸਰਦੀ ਕਾਰਨ ਸਕੂਲਾਂ ਅੰਦਰ ਮਿਤੀ 10 ਜਨਵਰੀ ਤੱਕ ਛੁੱਟੀਆਂ ਦਾ ਐਲਾਨ ਕਰ ਦਿੱਤਾ ਗਿਆ ਸੀ ਅਤੇ ਬੱਚਿਆਂ ਦੇ ਨਾਲ ਹੀ ਅਧਿਆਪਕਾਂ ਨੂੰ ਛੁੱਟੀਆਂ ਕਰ ਦਿੱਤੀਆਂ ਗਈਆਂ ਸਨ ਪਰ ਅਕਾਦਮਿਕ ਸੈਸ਼ਨ 2009-10 ਜੋ ਕਿ ਪੜ੍ਹਾਈ ਦੇ ਪੱਖੋਂ ਇਸ ਸਮੇਂ ਬਿਲਕੁਲ ਸਿਖਰ ਤੇ ਹੈ। ਜਿਸ ਕਾਰਨ ਸਕੂਲਾਂ ਵਿੱਚ ਇਸ ਸਮੇਂ ਕੀਤੀਆਂ ਜਾਣ ਵਾਲੀਆਂ ਛੁੱਟੀਆਂ ਕਾਰਨ ਵਿਦਿਆਰਥੀਆਂ ਦੀ ਪੜ੍ਹਾਈ ਵੱਡੀ ਪੱਧਰ ਤੇ ਪ੍ਰਭਾਵਿਤ ਹੋਣ ਦੀ ਸ਼ੰਕਾ ਹੈ। ਇਸ ਸਬੰਧ ਵਿੱਚ ਡਾ.ਉਪਿੰਦਰਜੀਤ ਕੌਰ ਸਿੱਖਿਆ ਮੰਤਰੀ ਪੰਜਾਬ ਵੱਲੋਂ ਪੰਜਾਬ ਰਾਜ ਅੰਦਰ ਪੈ ਰਹੀ ਕੜਾਕੇ ਦੀ ਸਰਦੀ ਨੂੰ ਧਿਆਨ ਵਿੱਚ ਰੱਖਦਿਆਂ ਇਹ ਫੈਸਲਾ ਕੀਤਾ ਗਿਆ ਹੈ ਕਿ ਪੰਜਾਬ ਰਾਜ ਦੇ ਸਾਰੇ ਸਿਰਫ਼ ਸਰਕਾਰੀ ਪ੍ਰਾਇਮਰੀ ਸਕੂਲਾਂ ਅੰਦਰ ਪੜ੍ਹਨ ਵਾਲੇ ਵਿਦਿਆਰਥੀਆਂ ਨੂੰ ਮਿਤੀ 8.1.2010 ਤੱਕ ਛੁੱਟੀਆਂ ਕਰ ਦਿੱਤੀਆਂ ਗਈਆਂ ਹਨ। ਪਰੰਤੂ ਇੱਥੇ ਇਹ ਸਪੱਸ਼ਟ ਕੀਤਾ ਜਾਂਦਾ ਹੈ ਕਿ ਇਸ ਸਬੰਧ ਵਿੱਚ ਅਧਿਆਪਕਾਂ ਨੂੰ ਕੋਈ ਛੁੱਟੀ ਨਹੀਂ ਹੋਵੇਗੀ। ਅਧਿਆਪਕ ਆਪਣੇ ਸਕੂਲਾਂ ਵਿੱਚ ਹਾਜ਼ਰ ਰਹਿਣਗੇ ਅਤੇ ਇਸ ਸਮੇਂ ਦੌਰਾਨ ਅਧਿਆਪਕ ਆਪਣੇ ਸਕੂਲਾਂ ਦੇ ਜ਼ਰੂਰੀ ਕੰਮ ਜਾਂ ਸਿੱਖਿਆ ਨਾਲ ਜੁੜੇ ਹੋਏ ਹੋਰ ਕੰਮ ਵਿਭਾਗ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਕਰਨਗੇ।

ਜਿੱਥੋ ਤੱਕ ਮਿਡਲ, ਹਾਈ, ਸੀਨੀਅਰ ਸੈਕੰਡਰੀ ਸਕੂਲਾਂ ਦਾ ਸਬੰਧ ਹੈ ਇਹਨਾਂ ਸਕੂਲਾਂ ਵਿੱਚ ਇਸ ਸਮੇਂ ਦੌਰਾਨ ਕਿਸੇ ਵੀ ਜਮਾਤ ਨੂੰ ਕੋਈ ਛੁੱਟੀ ਨਹੀਂ ਹੋਵੇਗੀ। ਕਈ ਜ਼ਿਲ੍ਹਿਆਂ ਅੰਦਰ ਸਕੂਲਾਂ ਦੇ ਸਮੇਂ ਵਿੱਚ ਤਬਦੀਲੀ ਕੀਤੀ ਗਈ ਸੀ ਪਰ ਇੱਥੇ ਸਪੱਸ਼ਟ ਕੀਤਾ ਜਾਂਦਾ ਹੈ ਕਿ ਕਿਸੇ ਵੀ ਸਕੂਲ ਦੇ ਸਮੇਂ ਵਿੱਚ ਕੋਈ ਤਬਦੀਲੀ ਨਹੀਂ ਹੋਵੇਗੀ, ਸਕੂਲ ਦਾ ਸਮਾਂ ਪਹਿਲਾਂ ਦੀ ਤਰ੍ਹਾਂ ਸਮਾਂ ਸਵੇਰੇ 9:00 ਵਜੇ ਤੋਂ ਲੈ ਕੇ ਬਾਅਦ ਦੁਪਹਿਰ 3:20 ਤੱਕ ਰਹੇਗਾ।